ਮਾਰੂ ਅੰਜੁਲੀ ਮਹਲਾ ੫ ਘਰੁ ੭ ੴ ਸਤਿਗੁਰ ਪ੍ਰਸਾਦਿ ॥ ਸੰਜੋਗੁ ਵਿਜੋਗੁ ਧੁਰਹੁ ਹੀ ਹੂਆ ॥ ਪੰਚ ਧਾਤੁ ਕਰਿ ਪੁਤਲਾ ਕੀਆ ॥ ਸਾਹੈ ਕੈ ਫੁਰਮਾਇਅੜੈ ਜੀ ਦੇਹੀ ਵਿਚਿ ਜੀਉ ਆਇ ਪਇਆ ॥੧॥ ਜਿਥੈ ਅਗਨਿ ਭਖੈ ਭੜਹਾਰੇ ॥ ਊਰਧ ਮੁਖ ਮਹਾ ਗੁਬਾਰੇ ॥ ਸਾਸਿ ਸਾਸਿ ਸਮਾਲੇ ਸੋਈ ਓਥੈ ਖਸਮਿ ਛਡਾਇ ਲਇਆ ॥੨॥ ਵਿਚਹੁ ਗਰਭੈ ਨਿਕਲਿ ਆਇਆ ॥ ਖਸਮੁ ਵਿਸਾਰਿ ਦੁਨੀ ਚਿਤੁ ਲਾਇਆ ॥ ਆਵੈ ਜਾਇ ਭਵਾਈਐ ਜੋਨੀ ਰਹਣੁ ਨ ਕਿਤਹੀ ਥਾਇ ਭਇਆ ॥੩॥ ਮਿਹਰਵਾਨਿ ਰਖਿ ਲਇਅਨੁ ਆਪੇ ॥ ਜੀਅ ਜੰਤ ਸਭਿ ਤਿਸ ਕੇ ਥਾਪੇ ॥ ਜਨਮੁ ਪਦਾਰਥੁ ਜਿਣਿ ਚਲਿਆ ਨਾਨਕ ਆਇਆ ਸੋ ਪਰਵਾਣੁ ਥਿਆ ॥੪॥੧॥੩੧॥ {ਪੰਨਾ 1007}

ਅੰਜੁਲੀ—ਬੁੱਕ, (ਆਪਣੇ ਇਸ਼ਟ ਪਾਸੋਂ ਖ਼ੈਰ ਮੰਗਣ ਲਈ ਅੱਡਿਆ ਹੋਇਆ ਬੁੱਕ), ਦੋਵੇਂ ਹੱਥ ਜੋੜ ਕੇ ਕੀਤੀ ਹੋਈ ਅਰਜ਼ੋਈ।

ਪਦਅਰਥ:- ਸੰਜੋਗੁ—ਮਿਲਾਪ (ਜਿੰਦ ਤੇ ਸਰੀਰ ਦਾ)। ਵਿਜੋਗੁ—ਵਿਛੋੜਾ (ਜਿੰਦ ਤੇ ਸਾਗਰ ਦਾ)। ਧੁਰਹੁ—ਪਰਮਾਤਮਾ ਦੇ ਹੁਕਮ ਅਨੁਸਾਰ। ਪੰਚ ਧਾਤੁ—(ਪੌਣ, ਪਾਣੀ, ਅੱਗ, ਮਿੱਟੀ, ਆਕਾਸ਼—ਇਹ) ਪੰਜ ਤੱਤ। ਕਰਿ—ਮਿਲਾ ਕੇ। ਪੁਤਲਾ—ਸਰੀਰ।

ਫੁਰਮਾਇਅੜਾ—ਫ਼ੁਰਮਾਇਆ ਹੋਇਆ ਹੁਕਮ। ਕੈ ਫੁਰਮਾਇਅੜੈ—ਦੇ ਹੁਕਮ ਅਨੁਸਾਰ। ਸਾਹ—ਸ਼ਾਹ। ਸਾਹੈ ਕੈ ਫੁਰਮਾਇਅੜੈ—ਸ਼ਾਹ ਦੇ ਕੀਤੇ ਹੁਕਮ ਅਨੁਸਾਰ। ਜੀ—ਹੇ ਭਾਈ! ਦੇਹੀ—ਸਰੀਰ। ਜੀਉ—ਜੀਵਾਤਮਾ।1।

ਜਿਥੈ—ਜਿਸ ਥਾਂ ਵਿਚ। ਅਗਨਿ—ਅੱਗ। ਭਖੈ—ਭਖਦੀ ਹੈ, ਬਲਦੀ ਹੈ। ਭੜਹਾਰੇ—ਭੜ ਭੜ ਕਰ ਕੇ, ਬੜੀ ਤੇਜ਼। ਊਰਧ—ਉਲਟਾ। ਊਰਧ ਮੁਖ—ਉਲਟੇ-ਮੂੰਹ। ਗੁਬਾਰੇ—ਘੁੱਪ ਹਨੇਰੇ ਵਿਚ। ਸਾਸਿ—ਸਾਹ ਨਾਲ। ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਸੋਈ—ਉਹੀ ਜੀਵ। ਸਮਾਲੇ—ਯਾਦ ਕਰਦਾ ਹੈ। ਖਸਮਿ—ਖਸਮ ਨੇ।2।

ਵਿਸਾਰਿ—ਭੁਲਾ ਕੇ। ਦੁਨੀ—ਦੁਨੀਆ ਵਿਚ, ਦੁਨੀਆ ਦੇ ਪਦਾਰਥਾਂ ਵਿਚ। ਆਵੈ ਜਾਇ—ਜੰਮਦਾ ਹੈ ਮਰਦਾ ਹੈ। ਭਵਾਈਐ ਜੋਨੀ—ਜੂਨਾਂ ਵਿਚ ਭਵਾਇਆ ਜਾਂਦਾ ਹੈ। ਕਿਤ ਹੀ—ਕਿਤੇ ਭੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਤੁ' ਦਾ ੁ ਉੱਡ ਗਿਆ ਹੈ}। ਥਾਇ—ਥਾਂ ਵਿਚ। ਕਿਤ ਹੀ ਥਾਇ—ਕਿਸੇ ਭੀ ਥਾਂ ਵਿਚ। ਰਹਣੁ—ਟਿਕਾਣਾ।3।

ਮਿਹਰਵਾਨਿ—ਮਿਹਰਵਾਨ ਨੇ। ਰਖਿ ਲਇਅਨੁ—ਰੱਖ ਲਏ ਹਨ, ਬਚਾ ਲਏ ਹਨ। ਸਭਿ—ਸਾਰੇ। ਤਿਸ ਕੇ—ਉਸ (ਪਰਮਾਤਮਾ) ਦੇ। ਥਾਪੇ—ਪੈਦਾ ਕੀਤੇ ਹੋਏ। ਜਿਣਿ—ਜਿੱਤ ਕੇ। ਆਇਆ—ਜਨਮਿਆ ਹੋਇਆ।4।

ਅਰਥ:- ਹੇ ਭਾਈ! (ਜਿੰਦ ਤੇ ਸਰੀਰ ਦਾ) ਮਿਲਾਪ ਅਤੇ ਵਿਛੋੜਾ ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਹੁੰਦਾ ਹੈ। (ਪਰਮਾਤਮਾ ਦੇ ਹੁਕਮ ਵਿਚ ਹੀ) ਪੰਜ ਤੱਤ (ਇਕੱਠੇ) ਕਰ ਕੇ ਸਰੀਰ ਬਣਾਇਆ ਜਾਂਦਾ ਹੈ। ਪ੍ਰਭੂ-ਪਾਤਿਸ਼ਾਹ ਦੇ ਹੁਕਮ ਅਨੁਸਾਰ ਹੀ ਜੀਵਾਤਮਾ ਸਰੀਰ ਵਿਚ ਆ ਟਿਕਦਾ ਹੈ।1।

ਹੇ ਭਾਈ! ਜਿੱਥੇ (ਮਾਂ ਦੇ ਪੇਟ ਵਿਚ ਪੇਟ ਦੀ) ਅੱਗ ਬੜੀ ਭਖਦੀ ਹੈ, ਉਸ ਭਿਆਨਕ ਹਨੇਰੇ ਵਿਚ ਜੀਵ ਉਲਟੇ-ਮੂੰਹ ਪਿਆ ਰਹਿੰਦਾ ਹੈ। ਜੀਵ (ਉਥੇ ਆਪਣੇ) ਹਰੇਕ ਸਾਹ ਦੇ ਨਾਲ ਪਰਮਾਤਮਾ ਨੂੰ ਯਾਦ ਕਰਦਾ ਰਹਿੰਦਾ ਹੈ, ਉਸ ਥਾਂ ਮਾਲਕ-ਪ੍ਰਭੂ ਨੇ ਹੀ ਜੀਵ ਨੂੰ ਬਚਾਇਆ ਹੁੰਦਾ ਹੈ।2।

ਹੇ ਭਾਈ! ਜਦੋਂ ਜੀਵ ਮਾਂ ਦੇ ਪੇਟ ਵਿਚੋਂ ਬਾਹਰ ਆ ਜਾਂਦਾ ਹੈ, ਮਾਲਕ-ਪ੍ਰਭੂ ਨੂੰ ਭੁਲਾ ਕੇ ਦੁਨੀਆ ਦੇ ਪਦਾਰਥਾਂ ਵਿਚ ਚਿੱਤ ਜੋੜ ਲੈਂਦਾ ਹੈ। (ਪ੍ਰਭੂ ਨੂੰ ਵਿਸਾਰਨ ਕਰਕੇ) ਜੰਮਣ ਮਰਨ ਦੇ ਗੇੜ ਵਿਚ (ਜੀਵ) ਪੈ ਜਾਂਦਾ ਹੈ, ਜੂਨਾਂ ਵਿਚ ਪਾਇਆ ਜਾਂਦਾ ਹੈ, ਕਿਸੇ ਇੱਕ ਥਾਂ ਇਸ ਨੂੰ ਟਿਕਾਣਾ ਨਹੀਂ ਮਿਲਦਾ।3।

ਹੇ ਭਾਈ! ਸਾਰੇ ਜੀਵ ਉਸ (ਪਰਮਾਤਮਾ) ਦੇ ਹੀ ਪੈਦਾ ਕੀਤੇ ਹੋਏ ਹਨ, ਉਸ ਮਿਹਰਵਾਨ (ਪ੍ਰਭੂ) ਨੇ ਆਪ ਹੀ (ਕਈ ਜੀਵ ਜਨਮ ਮਰਨ ਦੇ ਗੇੜ ਤੋਂ) ਬਚਾਏ ਹਨ।

ਹੇ ਨਾਨਕ! ਜਿਹੜਾ ਮਨੁੱਖ (ਪਰਮਾਤਮਾ ਦੇ ਨਾਮ ਦੀ ਰਾਹੀਂ) ਇਸ ਕੀਮਤੀ ਜਨਮ (ਦੀ ਬਾਜ਼ੀ) ਨੂੰ ਜਿੱਤ ਕੇ ਇਥੋਂ ਤੁਰਦਾ ਹੈ, ਉਹ ਇਸ ਜਗਤ ਵਿਚ ਆਇਆ ਹੋਇਆ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ।4।1।31।